# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :13-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- -ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਹੋਈ ਮੁਲਤਵੀ - ਅਗਲੇ ਮਹੀਨੇ ਦੀ 9 ਤਰੀਕ ਤੋਂ ਮੁੜ ਸ਼ੁਰੂ ਹੋਵੇਗੀ।
- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਨ-ਸਕਰੀਨ ਮਾਰਕਿੰਗ ਪ੍ਰਾਜੈਕਟ ਦੀ ਸ਼ੁਰੂਆਤ, ਪੰਜਾਬ ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਅਪਣਾਉਣ ਵਾਲੇ ਮੋਹਰੀ ਸੂਬਿਆਂ ਵਿੱਚ ਸ਼ਾਮਿਲ ਹੋਇਆ।
- ਪੰਜਾਬ ਸਰਕਾਰ ਦੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਸਿਹਤ ਕੈਂਪਾਂ ਵਿੱਚ ਲਗਭਗ 9 ਹਜ਼ਾਰ ਸੀਨੀਅਰ ਨਾਗਰਿਕ ਹੋਏ ਰਜਿਸਟਰਡ- ।
- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤ ਅਤੇ ਸਿੱਖਿਆ ਵਿਭਾਗਾਂ ਨੂੰ 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਦੇ ਮਸਲਿਆਂ ਦੇ ਹੱਲ ਲਈ, ਸਾਂਝੀ ਮੀਟਿੰਗ ਬੁਲਾਉਣ ਦੇ ਨਿਰਦੇਸ਼ ਦਿੱਤੇ।

- ਅੱਜ ਵਿਸ਼ਵ ਰੇਡੀਓ ਦਿਵਸ ਮਨਾਇਆ ਜਾ ਰਿਹਾ ਏ।

---

ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਮੁਲਤਵੀ ਕਰ ਦਿੱਤੀ ਗਈ ਏ। ਹੁਣ ਸੰਸਦ ਦੀ ਕਾਰਵਾਈ ਅਗਲੇ ਮਹੀਨੇ ਦੀ 9 ਤਰੀਕ ਨੂੰ ਮੁੜ ਸ਼ੁਰੂ ਹੋਵੇਗੀ । ਬਜਟ ਇਜਲਾਸ ਦਾ ਪਹਿਲਾ ਗੇੜ ਪਿਛਲੇ ਮਹੀਨੇ ਦੀ 28 ਤਰੀਕ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਦੋਵਾਂ ਸਦਨਾਂ ਨੂੰ ਸਾਂਝੇ ਸੰਬੋਧਨ ਨਾਲ ਸ਼ੁਰੂ ਹੋਇਆ ਸੀ। ਬਜਟ ਇਜਲਾਸ ਦਾ ਦੂਜਾ ਗੇੜ ਇਸ ਸਾਲ 9 ਮਾਰਚ ਤੋਂ 2 ਅਪ੍ਰੈਲ ਤੱਕ ਚੱਲੇਗਾ।

---

ਪੰਜਾਬ ਸਰਕਾਰ ਮਾਰਚ-2026 ਦੀਆਂ ਬੋਰਡ ਪ੍ਰੀਖਿਆਵਾਂ ਲਈ ਮੁਲਾਂਕਣ ਪ੍ਰਕਿਰਿਆ ਵਿੱਚ ਵੱਡਾ ਬਦਲਾਅ ਲਿਆਉਣ ਜਾ ਰਹੀ ਏ। ਅੱਜ ਚੰਡੀਗੜ੍ਹ ਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰਨ ਦੀ ਤਿਆਰੀ ਮੁਕੰਮਲ ਕਰ ਲਈ ਏ। ਉਨ੍ਹਾਂ ਦੱਸਿਆ ਕਿ ਇਸ ਕਦਮ ਨਾਲ ਪੰਜਾਬ ਦੇਸ਼ ਦੇ ਉਨ੍ਹਾਂ ਮੋਹਰੀ ਸੂਬਿਆਂ ਵਿੱਚ ਸ਼ੁਮਾਰ ਹੋ ਜਾਵੇਗਾ, ਜਿੱਥੇ ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਪ੍ਰਣਾਲੀ ਅਪਣਾਈ ਜਾ ਰਹੀ ਏ। ਇਸ ਪ੍ਰਾਜੈਕਟ ਬਾਰੇ ਜਾਣਕਾਰੀ ਦਿੰਦਿਆਂ ਹਰਜੋਤ ਸਿੰਘ

ਬੈਂਸ ਨੇ ਦੱਸਿਆ ਕਿ ਇਸ ਪ੍ਰਣਾਲੀ ਨਾਲ ਅਧਿਆਪਕ ਸਕੈਨ ਕੀਤੀਆਂ ਉੱਤਰ ਪੱਤਰੀਆਂ ਦਾ ਕੰਪਿਊਟਰ 'ਤੇ ਮੁਲਾਂਕਣ ਕਰ ਸਕਣਗੇ ਅਤੇ ਸਾਫ਼ਟਵੇਅਰ ਰਾਹੀਂ ਅੰਕਾਂ ਦੀ ਗਿਣਤੀ ਆਪਣੇ ਆਪ ਹੋਵੇਗੀ ਜਿਸ ਨਾਲ ਨਤੀਜੇ ਤੇਜ਼ ਅਤੇ ਸਹੀ ਤਰੀਕੇ ਨਾਲ ਜਾਰੀ ਹੋਣਗੇ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਪ੍ਰਣਾਲੀ ਨੇ ਤੁਰੰਤ ਅਤੇ ਸਟੀਕ ਮੁਲਾਂਕਣ ਕਰਕੇ ਆਪਣੀ ਯੋਗਤਾ ਪਹਿਲਾਂ ਹੀ ਸਾਬਤ ਕਰ ਦਿੱਤੀ ਏ। ਉਨ੍ਹਾਂ ਦੱਸਿਆ ਕਿ ਸਤੰਬਰ 2025 ਦੀ ਸਪਲੀਮੈਂਟਰੀ ਪ੍ਰੀਖਿਆ ਦੌਰਾਨ 23,000 ਉੱਤਰ ਪੱਤਰੀਆਂ ਦਾ ਡਿਜੀਟਲ ਮੁਲਾਂਕਣ ਸਫ਼ਲਤਾਪੂਰਵਕ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਇਸ ਸਫ਼ਲ ਪ੍ਰਯੋਗ ਤੋਂ ਉਤਸ਼ਾਹਿਤ ਹੋ ਕੇ ਪੰਜਾਬ ਸਕੂਲ ਸਿੱਖਿਆ ਬੋਰਡ ਇਸ ਸਾਲ ਮੈਟ੍ਰਿਕ ਪ੍ਰੀਖਿਆ ਦੇ ਇੱਕ ਵਿਸ਼ੇ ਵਿੱਚ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰੇਗਾ ਅਤੇ ਆਉਣ ਵਾਲੇ ਸੈਸ਼ਨਾਂ ਵਿੱਚ ਇਸ ਦਾ ਵਿਸਥਾਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਵੀਂ ਡਿਜ਼ਾਈਨ ਕੀਤੀ ਗਈ ਉੱਤਰ ਪੱਤਰੀ ਦੇ ਹਰੇਕ ਪੰਨੇ ਵਿੱਚ ਇੱਕ ਵਿਲੱਖਣ ਕਿਊ.ਆਰ. ਕੋਡ ਏ ਜਿਸ ਨਾਲ ਸੁਰੱਖਿਅਤ ਸਕੈਨਿੰਗ ਅਤੇ ਨਿਰਵਿਘਨ ਡਿਜੀਟਲ ਪ੍ਰੋਸੈਸਿੰਗ ਸੰਭਵ ਹੋਵੇਗੀ। ਸਿੱਖਿਆ ਮੰਤਰੀ ਨੇ ਕਿਹਾ ਕਿ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਤਹਿਤ ਉੱਤਰ ਪੱਤਰੀਆਂ ਨੂੰ ਇੱਕ ਸੁਰੱਖਿਅਤ ਮਾਹੌਲ ਵਿੱਚ ਸਕੈਨ ਕੀਤਾ ਜਾਂਦਾ ਏ ਅਤੇ ਇੱਕ ਕੇਂਦਰੀਕ੍ਰਿਤ ਡੈਸ਼ਬੋਰਡ 'ਤੇ ਅਪਲੋਡ ਕੀਤਾ ਜਾਂਦਾ ਏ, ਜਿੱਥੇ

ਪ੍ਰੀਖਿਆਰਥੀ ਜੋੜ, ਢਾਂਚਾਗਤ ਮਾਰਕਿੰਗ ਸਕੀਮ ਅਤੇ ਅਸਲ-ਸਮੇਂ ਦੀ ਨਿਗਰਾਨੀ ਨਾਲ ਉਨ੍ਹਾਂ ਦਾ ਆਨਲਾਈਨ ਮੁਲਾਂਕਣ ਕਰਦੇ ਹਨ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਨਤੀਜੇ ਵਿੱਚ ਲੱਗਣ ਵਾਲੇ ਸਮੇਂ ਵਿੱਚ ਕਮੀ, ਮਿਆਰੀ ਮਾਰਕਿੰਗ ਅਤੇ ਮੁਲਾਂਕਣ ਵਿੱਚ ਪਾਰਦਰਸ਼ਤਾ ਦਾ ਲਾਭ ਮਿਲੇਗਾ। ਸਰਕਾਰ ਨੇ ਘਰੇਲੂ ਬਾਜ਼ਾਰਾਂ ਨੂੰ ਸਥਿਰ ਕਰਨ ਅਤੇ ਉਤਪਾਦਕਾਂ ਲਈ ਲਾਹੇਵੰਦ ਕੀਮਤਾਂ ਨੂੰ ਯਕੀਨੀ ਬਣਾਉਣ ਲਈ ਕਣਕ ਉਤਪਾਦਾਂ ਦੇ ਵਾਧੂ 5 ਲੱਖ ਮੀਟ੍ਰਿਕ ਟਨ ਦੇ ਨਾਲ-ਨਾਲ, 25 ਲੱਖ ਮੀਟ੍ਰਿਕ ਟਨ ਕਣਕ ਦੀ ਬਰਾਮਦ ਨੂੰ ਮਨਜ਼ੂਰੀ ਦੇ ਦਿੱਤੀ ਏ। ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਕਿ ਇਹ ਫੈਸਲਾ ਮੌਜੂਦਾ ਉਪਲਬਧਤਾ ਅਤੇ ਕੀਮਤ ਦੇ ਵਿਆਪਕ ਮੁਲਾਂਕਣ ਤੋਂ ਬਾਅਦ ਲਿਆ ਗਿਆ ਏ। ਮੰਤਰਾਲੇ ਨੇ ਕਿਹਾ ਕਿ 25 ਲੱਖ ਮੀਟ੍ਰਿਕ ਟਨ ਕਣਕ ਅਤੇ 5 ਲੱਖ ਮੀਟ੍ਰਿਕ ਟਨ ਕਣਕ ਉਤਪਾਦਾਂ ਦੀ ਬਰਾਮਦ ਦੀ ਇਜਾਜ਼ਤ ਦੇਣ ਨਾਲ ਘਰੇਲੂ ਕੀਮਤਾਂ ਸਥਿਰ ਹੋਣਗੀਆਂ, ਕੁਸ਼ਲ ਭੰਡਾਰ ਰੋਟੇਏਸ਼ਨ ਨੂੰ ਯਕੀਨੀ ਬਣਾਇਆ ਜਾਵੇਗਾ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ। ਮੰਤਰਾਲੇ ਨੇ ਕਿਹਾ ਕਿ 2025-26 ਦੌਰਾਨ ਨਿੱਜੀ ਸੰਸਥਾਵਾਂ ਦੁਆਰਾ ਰੱਖੇ ਗਏ ਕਣਕ ਦੇ ਭੰਡਾਰ ਲਗਭਗ 75 ਲੱਖ ਮੀਟ੍ਰਿਕ ਟਨ ਹਨ। ਇਹ ਪਿਛਲੇ ਸਾਲ

ਦੀ ਇਸੇ ਮਿਆਦ ਨਾਲੋਂ ਲਗਭਗ 32 ਲੱਖ ਮੀਟ੍ਰਿਕ ਟਨ ਵੱਧ ਏ ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ, ਹੁਣ ਤੱਕ ਲਗਭਗ 9 ਹਜ਼ਾਰ ਸੀਨੀਅਰ ਨਾਗਰਿਕ ਰਜਿਸਟਰਡ ਹੋਏ ਨੇ ਅਤੇ ਉਨ੍ਹਾਂ ਨੂੰ ਸੂਬੇ ਭਰ ਵਿੱਚ ਲਗਾਏ ਗਏ ਜ਼ਿਲ੍ਹਾ-ਵਾਰ ਸਿਹਤ ਕੈਂਪਾਂ ਤੋਂ ਸਿੱਧੇ ਤੌਰ 'ਤੇ ਲਾਭ ਮਿਲਿਆ ਏ । 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਸੂਬਾ ਪੱਧਰੀ ਪਹੁੰਚ ਦੇ ਵੇਰਵੇ ਸਾਂਝੇ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਬਜ਼ੁਰਗ ਆਬਾਦੀ ਦਾ ਸਨਮਾਨ ਅਤੇ ਸਹਾਇਤਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ ਨੂੰ ਦਰਸਾਉਂਦੀ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਰਜਿਸਟਰਡ ਲਾਭਪਾਤਰੀਆਂ ਵਿੱਚੋਂ 2,268 ਸੀਨੀਅਰ ਨਾਗਰਿਕਾਂ ਨੇ ਆਮ ਸਿਹਤ ਜਾਂਚ, 1,241 ਨੇ ਆਰਥੋਪੀਡਿਕ ਅਤੇ 2,607 ਸੀਨੀਅਰ ਨਾਗਰਿਕਾਂ ਨੇ ਅੱਖਾਂ ਦੀ ਜਾਂਚ ਕਰਵਾਈ । ਇਸ ਤੋਂ ਇਲਾਵਾ 631 ਸੀਨੀਅਰ ਨਾਗਰਿਕਾਂ ਨੇ ਯੋਗਾ ਸੈਸ਼ਨ ਵਿੱਚ ਹਿੱਸਾ ਲਿਆ, 551 ਨੇ ਹੋਮਿਓਪੈਥਿਕ ਇਲਾਜ ਅਤੇ 791 ਨੇ ਆਯੁਰਵੈਦਿਕ

ਸਿਹਤ ਸੇਵਾਵਾਂ ਤੋਂ ਲਾਭ ਉਠਾਇਆ। ਇਹ ਅੰਕੜੇ ਪੰਜਾਬ ਭਰ ਵਿੱਚ ਮੁਹਿੰਮ ਦੀ ਵਿਆਪਕ ਪਹੁੰਚ ਅਤੇ ਪ੍ਰਭਾਵੀ ਲਾਗੂਕਰਨ ਨੂੰ ਦਰਸਾਉਂਦੇ ਹਨ। ਹੋਰਨਾਂ ਭਲਾਈ ਸੇਵਾਵਾਂ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ ਕਿ 89 ਬਜ਼ੁਰਗਾਂ ਨੂੰ ਵ੍ਹੀਲਚੇਅਰ, ਐਨਕਾਂ ਅਤੇ ਸੁਣਨ ਵਾਲੀਆਂ ਮਸ਼ੀਨਾਂ ਵਰਗੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ ਸਨ। ਇਸ ਤੋਂ ਇਲਾਵਾ ਕੈਂਪਾਂ ਦੌਰਾਨ 233 ਸੀਨੀਅਰ ਨਾਗਰਿਕਾਂ ਦੇ ਬੁਢਾਪਾ ਪੈਨਸ਼ਨ ਫਾਰਮ ਭਰਨ ਸਬੰਧੀ ਪ੍ਰਕਿਰਿਆ ਕੀਤੀ ਗਈ ਅਤੇ 306 ਲਾਭਪਾਤਰੀਆਂ ਨੂੰ ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਫਰਵਰੀ ਮਹੀਨੇ ਦੌਰਾਨ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਹ ਕੈਂਪ ਲਗਾਏ ਜਾਣਗੇ। ਸੂਬੇ ਭਰ ਦੇ ਪਰਿਵਾਰਾਂ ਨੂੰ ਅਪੀਲ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਉਹ ਆਪਣੇ ਬਜ਼ੁਰਗਾਂ ਨੂੰ ਇਨ੍ਹਾਂ ਸਿਹਤ ਕੈਂਪਾਂ ਵਿੱਚ ਲਿਆਉਣ ਤਾਂ ਜੋ ਵੱਧ ਤੋਂ ਵੱਧ ਸੀਨੀਅਰ ਨਾਗਰਿਕ ਪੰਜਾਬ ਸਰਕਾਰ ਦੀਆਂ ਭਲਾਈ ਪਹਿਲਕਦਮੀਆਂ ਦਾ ਲਾਭ ਉਠਾ ਸਕਣ।

---

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤ ਅਤੇ ਸਿੱਖਿਆ ਵਿਭਾਗਾਂ ਨੂੰ 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਦੇ ਮਸਲਿਆਂ

ਦੇ ਹੱਲ ਲਈ ਇੱਕ ਹੰਗਾਮੀ ਸਾਂਝੀ ਮੀਟਿੰਗ ਬੁਲਾਉਣ ਦੇ ਨਿਰਦੇਸ਼ ਦਿੱਤੇ। ਚੰਡੀਗੜ੍ਹ ਸਥਿਤ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ ਇੱਕ ਮੀਟਿੰਗ ਤੋਂ ਬਾਅਦ ਇਹ ਨਿਰਦੇਸ਼ ਜਾਰੀ ਕੀਤੇ ਗਏ, ਜਿੱਥੇ ਜਥੇਬੰਦੀ ਦੇ ਨੁਮਾਇੰਦਿਆਂ ਨੇ ਆਪਣਾ ਪੱਖ ਪੂਰੇ ਵੇਰਵੇ ਸਮੇਤ ਪੇਸ਼ ਕੀਤਾ। ਵਿੱਤ ਮੰਤਰੀ ਨੇ ਦੁਹਰਾਇਆ ਕਿ ਸਰਕਾਰ ਆਪਣੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਦੇ ਹੱਲ ਕਰਨ ਲਈ ਵਚਨਬੱਧ ਏ । ਜਥੇਬੰਦੀ ਦੇ ਵਫ਼ਦ ਦੀਆਂ ਗੱਲਾਂ ਨੂੰ ਸੁਣਨ ਤੋਂ ਬਾਅਦ ਵਿੱਤ ਮੰਤਰੀ ਨੇ ਕਿਹਾ ਕਿ 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਵੱਲੋਂ ਉਠਾਏ ਗਏ ਮਸਲੇ ਗੰਭੀਰ ਅਤੇ ਸਮਾਂਬੱਧ ਵਿਚਾਰ ਦੇ ਹੱਕਦਾਰ ਨੇ । ਵਿੱਤ ਮੰਤਰੀ ਨੇ ਕਿਹਾ ਕਿ ਅੱਜ ਦੀ ਮੀਟਿੰਗ ਦੌਰਾਨ ਅਧਿਆਪਕਾਂ ਨੂੰ ਉਨ੍ਹਾਂ ਨੂੰ ਦਰਪੇਸ਼ ਪ੍ਰਸ਼ਾਸਨਿਕ ਅਤੇ ਪੇਸ਼ੇਵਰ ਰੁਕਾਵਟਾਂ ਬਾਰੇ ਦੱਸਣ ਦਾ ਪੂਰਾ ਮੌਕਾ ਦਿੱਤਾ ਗਿਆ । ਇਸ ਸਬੰਧੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਵਿੱਤ ਮੰਤਰੀ ਨੇ ਵਿਸ਼ੇਸ਼ ਤੌਰ 'ਤੇ ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਤੁਰੰਤ ਮਾਮਲੇ ਨਾਲ ਸਬੰਧਤ ਸਾਰੇ ਵੇਰਵੇ ਵਿਭਾਗ ਨਾਲ ਸਾਂਝੇ ਕਰਨ। ਮੀਟਿੰਗ ਦੌਰਾਨ 180 ਈ.ਟੀ.ਟੀ. ਅਧਿਆਪਕ ਜਥੇਬੰਦੀ ਦੀ ਨੁਮਾਇੰਦਗੀ ਐਸੋਸੀਏਸ਼ਨ ਦੇ ਪ੍ਰਧਾਨ ਕਮਲ ਠਾਕੁਰ ਦੇ ਨਾਲ ਸੋਹਣ ਸਿੰਘ, ਗੁਰਮੁਖ ਸਿੰਘ ਅਤੇ ਗੌਰਵ ਕਾਂਤ ਨੇ ਕੀਤੀ ।

------------------------------------------------------------------------

ਅੱਜ ਵਿਸ਼ਵ ਰੇਡੀਓ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 13 ਫਰਵਰੀ ਨੂੰ 1946 ਵਿੱਚ ਸੰਯੁਕਤ ਰਾਸ਼ਟਰ ਰੇਡੀਓ ਦੀ ਸਥਾਪਨਾ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਸਾਲ ਦਾ ਥੀਮ "ਰੇਡੀਓ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ: ਏਆਈ ਇੱਕ ਉਪਕਰਨ ਏ, ਇੱਕ ਆਵਾਜ਼ ਨਹੀਂ" ਰੱਖਿਆ ਗਿਆ ਏ। ਇਹ ਥੀਮ ਪ੍ਰਸਾਰਣ ਪ੍ਰਣਾਲੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਧਦੀ ਭੂਮਿਕਾ ਨੂੰ ਵੀ ਉਜਾਗਰ ਕਰਦਾ ਏ। ਇਸ ਤੋਂ ਇਲਾਵਾ, ਥੀਮ ਜ਼ਰੀਏ ਇਹ ਸੁਨੇਹਾ ਵੀ ਦਿੱਤਾ ਗਿਆ ਏ ਕਿ ਤਕਨਾਲੋਜੀ ਸਿਰਫ਼ ਇੱਕ ਸਹਾਇਕ ਮਾਧਿਅਮ ਏ ਇਹ ਮਨੁੱਖੀ ਆਵਾਜ਼ ਦੀ ਥਾਂ ਨਹੀਂ ਲੈ ਸਕਦੀ। ਸੰਪਾਦਕੀ ਵਿਵੇਕ ਅਤੇ ਭਰੋਸੇਯੋਗਤਾ ਰੇਡੀਓ ਦੇ ਅਸਲ ਪਛਾਣ ਨੇ। ਵਿਸ਼ਵ ਰੇਡੀਓ ਦਿਵਸ 'ਤੇ ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦਿਨ ਰੇਡੀਓ ਨਾਲ ਜੁੜੇ ਲੋਕਾਂ ਦੇ ਯਤਨਾਂ ਦਾ ਸਨਮਾਨ ਕਰਨ ਦਾ ਮੌਕਾ ਏ। ਉਨ੍ਹਾਂ ਕਿਹਾ ਕਿ ਰੇਡੀਓ ਇੱਕ ਅਜਿਹਾ ਮਾਧਿਅਮ ਏ ਜੋ ਦੂਰ-ਦੁਰਾਡੇ ਪਿੰਡਾਂ ਤੋਂ ਲੈ ਕੇ ਵਿਅਸਤ ਸ਼ਹਿਰਾਂ ਤੱਕ, ਲੋਕਾਂ ਲਈ ਇੱਕ ਭਰੋਸੇਯੋਗ ਆਵਾਜ਼ ਵਜੋਂ ਕੰਮ ਕਰਦਾ ਏ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਸਾਲਾਂ ਤੋਂ, ਰੇਡੀਓ ਨੇ ਸਮੇਂ ਸਿਰ ਜਾਣਕਾਰੀ ਦਾ ਪ੍ਰਸਾਰ ਕਰਨ, ਪ੍ਰਤਿਭਾ ਨੂੰ ਇੱਕ

ਮੰਚ ਪ੍ਰਦਾਨ ਕਰਨ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਦਾ ਕੰਮ ਕੀਤਾ ਏ । ਆਪਣੇ ਪ੍ਰੋਗਰਾਮ 'ਮਨ ਕੀ ਬਾਤ' ਦਾ ਹਵਾਲਾ ਦਿੰਦੇ ਹੋਏ, ਸ੍ਰੀ ਮੋਦੀ ਨੇ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ, ਉਨ੍ਹਾਂ ਨੇ ਸਮਾਜ ਦੀ ਸ਼ਕਤੀ ਨੂੰ ਜਾਰੀ ਕਰਨ ਵਿੱਚ ਰੇਡੀਓ ਦੀ ਸੰਭਾਵਨਾ ਦਾ ਅਨੁਭਵ ਕੀਤਾ ਏ । ਪ੍ਰਧਾਨ ਮੰਤਰੀ ਨੇ ਨਾਗਰਿਕਾਂ ਨੂੰ 'ਮਨ ਕੀ ਬਾਤ' ਪ੍ਰੋਗਰਾਮ ਲਈ ਆਪਣੇ ਸੁਝਾਅ ਸਾਂਝੇ ਕਰਨ ਦੀ ਵੀ ਅਪੀਲ ਕੀਤੀ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਪ੍ਰਸਾਰਿਤ ਕੀਤਾ ਜਾਵੇਗਾ। ਅੱਜ ਵਿਸ਼ਵ ਰੇਡੀਓ ਦਿਵਸ ਮੌਕੇ ਇਕ ਲੰਬੇ ਸਮੇਂ ਤੋਂ ਰੇਡੀਓ ਨਾਲ ਜੁੜੇ ਸਰੋਤਿਆਂ ਨੇ ਆਕਾਸ਼ਵਾਣੀ ਨਾਲ ਰੇਡੀਓ ਬਾਰੇ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਕਿਹਾ I

BYTE:RNU13022

----------------------------------------------------------------------

ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਤਹਿਤ ਬਣਾਏ ਗਏ ਸੈਵ ਸਹਾਇਤਾ ਸਮੂਹ ਅੱਜ ਪੇਂਡੂ ਅਤੇ ਸ਼ਹਿਰੀ ਖੇਤਰ ਦੀਆਂ ਔਰਤਾਂ ਲਈ ਆਰਥਿਕ ਆਜ਼ਾਦੀ ਦਾ ਪ੍ਰਤੀਕ ਬਣ ਰਹੇ ਨੇ । ਇਨ੍ਹਾਂ ਗਰੁੱਪਾਂ ਰਾਹੀਂ ਗੁਰਦਾਸਪੁਰ ਵਿਚ ਸੈਵ ਸਹਾਇਤਾ ਸਮੂਹ ਦੀਆਂ ਮੈਂਬਰ ਗੁਰਪ੍ਰੀਤ ਕੌਰ ਤੇ ਹੋਰਨਾਂ ਨੇ ਦੱਸਿਆ ਕਿ ਇਨ੍ਹਾਂ ਜਰਿਏ ਨਾ ਸਿਰਫ਼ ਮਹਿਲਾਵਾਂ ਆਪਣੇ ਪੈਰਾਂ ’ਤੇ ਖੜ੍ਹੀਆਂ ਹੋ ਰਹੀਆਂ

ਹਨ, ਸਗੋਂ ਹੋਰਨਾਂ ਨੂੰ ਵੀ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰ ਰਹੀਆਂ ਹਨ। BYTE:

---------------------------------------------------------------------

ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਏਸ਼ੀਆਈ ਸ਼ੂਟਿੰਗ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੂਬੇ ਅਤੇ ਦੇਸ਼ ਦਾ ਨਾਂ ਰੌਸ਼ਨ ਕਰ ਦਿੱਤਾ ਏ । ਨਵੀਂ ਦਿੱਲੀ ਦੇ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿੱਚ 2 ਤੋਂ 14 ਫਰਵਰੀ ਤੱਕ ਹੋਏ ਇਸ ਮਹੱਤਵਪੂਰਨ ਮੁਕਾਬਲੇ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਵਿਸ਼ਵ ਰਿਕਾਰਡ ਸਮੇਤ ਕਈ ਸੋਨੇ ਤੇ ਚਾਂਦੀ ਦੇ ਤਮਗੇ ਜਿੱਤੇ । ਜ਼ਿਕਰਯੋਗ ਏ ਕਿ ਐਸ਼ਵਰਿਆ ਪ੍ਰਤਾਪ ਸਿੰਘ ਤੋਮਰ ਨੇ 50 ਮੀਟਰ ਰਾਈਫਲ 3 ਪੋਜ਼ੀਸ਼ਨ ਈਵੈਂਟ ਵਿੱਚ 362 ਦੇ ਬੇਹਤਰੀਨ ਸਕੋਰ ਨਾਲ ਨਵਾਂ ਵਰਲਡ ਰਿਕਾਰਡ ਬਣਾਇਆ ਅਤੇ ਵਿਅਕਤੀਗਤ ਤੇ ਟੀਮ ਦੋਵੇਂ ਸੋਨੇ ਦੇ ਤਮਗੇ ਆਪਣੇ ਨਾਂ ਕੀਤੇ। ਇਸ ਤੋਂ ਇਲਾਵਾ ਹੋਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਨਿਸ਼ਾਨੇਬਾਜ਼ਾਂ ਅਦਿਰਾਇਣ ਕਰਮਾਕਰ ਨੇ 50 ਮੀਟਰ ਰਾਈਫਲ ਪ੍ਰੋਨ ਵਿੱਚ ਸੋਨੇ ਤੇ ਚਾਂਦੀ ਅਭਿਨਵ ਸ਼ਾਅ ਨੇ ਏਅਰ ਰਾਈਫਲ ਟੀਮ ਈਵੈਂਟ ਵਿੱਚ ਸੋਨੇ ,ਅਸ਼ੀ ਚੋਕਸੀ ਨੇ 50 ਮੀਟਰ 3P ਰਾਈਫਲ ਟੀਮ ਵਿੱਚ ਚਾਂਦੀ,ਹਰਸ਼ ਗੁਪਤਾ

ਨੇ 25 ਮੀਟਰ ਸਟੈਂਡਰਡ ਪਿਸਟਲ ਵਿੱਚ ਸੋਨੇ ਤੇ ਚਾਂਦੀ ਅਤੇ - ਸਿਫਤ ਕੌਰ ਨੇ ਵਿਅਕਤੀਗਤ ਅਤੇ ਟੀਮ ਸੋਨੇ ਦਾ ਤਮਗਾ ਜਿਤਿਆ। ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਸਿਰਫ਼ ਯੂਨੀਵਰਸਿਟੀ ਦੀ ਨਹੀਂ ਸਗੋਂ ਪੂਰੇ ਪੰਜਾਬ ਅਤੇ ਦੇਸ਼ ਦੀ ਸ਼ਾਨ ਏ।

---

- -ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਹੋਈ ਮੁਲਤਵੀ - ਅਗਲੇ ਮਹੀਨੇ ਦੀ 9 ਤਰੀਕ ਤੋਂ ਮੁੜ ਸ਼ੁਰੂ ਹੋਵੇਗੀ।
- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਨ-ਸਕਰੀਨ ਮਾਰਕਿੰਗ ਪ੍ਰਾਜੈਕਟ ਦੀ ਸ਼ੁਰੂਆਤ, ਪੰਜਾਬ ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਅਪਣਾਉਣ ਵਾਲੇ ਮੋਹਰੀ ਸੂਬਿਆਂ ਵਿੱਚ ਸ਼ਾਮਿਲ ਹੋਇਆ।
- ਪੰਜਾਬ ਸਰਕਾਰ ਦੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਸਿਹਤ ਕੈਂਪਾਂ ਵਿੱਚ ਲਗਭਗ 9 ਹਜ਼ਾਰ ਸੀਨੀਅਰ ਨਾਗਰਿਕ ਹੋਏ ਰਜਿਸਟਰਡ।
- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤ ਅਤੇ ਸਿੱਖਿਆ ਵਿਭਾਗਾਂ ਨੂੰ 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਦੇ

ਮਸਲਿਆਂ ਦੇ ਹੱਲ ਲਈ, ਸਾਂਝੀ ਮੀਟਿੰਗ ਬੁਲਾਉਣ ਦੇ ਨਿਰਦੇਸ਼ ਦਿੱਤੇ। ਅਤੇ

- ਅੱਜ ਵਿਸ਼ਵ ਰੇਡੀਓ ਦਿਵਸ ਮਨਾਇਆ ਜਾ ਰਿਹਾ ਏ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟ ਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰ ਟ 'ਤੇ ਨਮਸਕਾਰ !**

-